ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਪਵਨ ਕੁਮਾਰ ਸ਼ਰਮਾ, ਐਡਵੋਕੇਟ, (94639-50619)
ਪੁੱਤਰ ਲੇਟ ਸ਼੍ਰੀ ਭਗਵੰਤ ਕਿਸ਼ੋਰ,
ਮਕਾਨ ਨੰ:585, ਫੇਸ-2,
ਮੁਹਾਲੀ। .......ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਨੇਜਿੰਗ ਡਾਇਰੈਕਟਰ,
ਪੰਜਾਬ ਸਮਾਲ ਇੰਡਸਟ੍ਰੀਜ਼ ਅਤੇ
ਐਕਸਪੋਰਟ ਕਾਰਪੋਰੇਸ਼ਨ,ਲਿਮਟਿਡ,
ਉਦਯੋਗ ਭਵਨ, ਸੈਕਟਰ 17-ਏ,
ਚੰਡੀਗੜ੍ਹ। ........ ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ:987 ਆਫ਼ 2018</u>**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਵੰਤ ਸਿੰਘ, ਜੂਨੀਅਰ ਐਗਜ਼ੈਕਟਿਵ (98726-15390)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-08-2018, ਲੋਕ ਸੂਚਨਾ ਅਧਿਕਾਰੀ ਦਫਤਰ ਮੈਨੇਜਿੰਗ ਡਾਇਰੈਕਟਰ,ਪੰਜਾਬ ਸਮਾਲ ਇੰਡਸਟ੍ਰੀਜ਼ ਅਤੇ ਐਕਸਪੋਰਟ ਕਾਰਪੋਰੇਸ਼ਨ,ਲਿਮਟਿਡ,ਉਦਯੋਗ ਭਵਨ, ਸੈਕਟਰ 17-ਏ, ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇੰਡਸਟ੍ਰੀਅਲ ਫੋਕਲ ਪੁਆਇੰਟਾਂ ਨੂੰ ਜ਼ਮੀਨ ਅਲਾਟ ਕਰਨ ਸਬੰਧੀ ਸਰਕਾਰੀ ਪਾਲਿਸੀ ਆਦਿ ਨਾਲ ਸਬੰਧਤ 5 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-10-2018 ਨੂੰ ਪਹਿਲੀ ਸੁਣਵਾਈ ਮਿਤੀ 20-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜ਼ਸਵੰਤ ਸਿੰਘ, ਜੂਨੀਅਰ ਐਗਜ਼ੈਕਟਿਵ ਨੇ ਕਿਹਾ ਹੈ ਕਿ ਉਹ ਸ਼ਿਕਾਇਤਕਰਤਾ ਨੂੰ ਦੇਣ ਵਾਸਤੇ 10,000/- ਰੁਪਏ (ਕੇਵਲ ਦਸ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਤਿਆਰ ਕਰਵਾ ਕੇ ਲਿਆਇਆ ਹੈ, ਜਿਸ ਦੀ ਇੱਕ ਫੋਟੋ ਕਾਪੀ ਉਸ ਵੱਲੋਂ ਕਮਿਸ਼ਨ ਨੂੰ ਵੀ ਪੇਸ਼ ਕੀਤੀ ਗਈ ਹੈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ ਰਾਹੀਂ ਅੱਜ 12-30 ਵਜੇ ਬਾਅਦ-ਦੁਪਹਿਰ ਕਮਿਸ਼ਨ ਵਿਖੇ ਪੇਸ਼ੀ ਤੇ ਹਾਜ਼ਰ ਹੋਣ ਦੀ ਆਗਿਆ ਮੰਗੀ ਗਈ ਹੈ ਅਤੇ ਇਹ ਵੀ ਦੱਸਿਆ ਗਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 20-11-2018 ਅਨੁਸਾਰ ਉਸ ਨੂੰ ਅਜੇ ਤੱਕ ਮੁਆਵਜ਼ੇ ਵਜੋਂ 10,000/-ਰੁਪਏ (ਕੇਵਲ ਦਸ ਹਜ਼ਾਰ ਰੁਪਏ) ਦੀ ਰਾਸ਼ੀ ਪ੍ਰਾਪਤ ਨਹੀਂ ਹੋਈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 10,000/-ਰੁਪਏ (ਕੇਵਲ ਦਸ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਸ਼ਿਕਾਇਤ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਬਲਵਿੰਦਰ ਸਿੰਘ, (94648-13507)
ਪੁੱਤਰ ਸ਼੍ਰੀ ਦਿਆਲ ਸਿੰਘ,
ਵਾਸੀ ਪਿੰਡ ਬਕੈਣਵਾਲਾ,
ਤਹਿਸੀਲ ਤੇ ਜ਼ਿਲ੍ਹਾ ਫਾਜ਼ਿਲਕਾ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਚੇਅਰਮੈਨ,
ਅਧੀਨ ਸੇਵਾਵਾਂ ਚੋਣ ਬੋਰਡ,
ਵਣ ਕੰਪਲੈਕਸ, ਸੈਕਟਰ-68,
ਐਸ.ਏ.ਐਸ. ਨਗਰ( ਮੁਹਾਲੀ)। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:924 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੁਨੀਸ਼ ਗਰਗ, ਸੀਨੀਅਰ ਸਹਾਇਕ (98722-17679)

**ਹੁਕਮ:-**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-04-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਚੇਅਰਮੈਨ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇਸ਼ਤਿਹਾਰ ਨੰ:01 ਆਫ਼ 2016 ਰਾਹੀਂ ਆਬਕਾਰੀ ਤੇ ਕਰ ਨਿਰੀਖਕ ਦੀ ਭਰਤੀ ਪ੍ਰਕਿਰਆ-2016 ਵਿੱਚ ਕੁੱਲ ਆਸਾਮੀਆਂ ਦੀ ਗਿਣਤੀ 42 ਵਿੱਚੋਂ ਖਿਡਾਰੀ ਕੈਟਾਗਿਰੀ ਦੀਆਂ ਬਣਦੀਆਂ 2 ਆਸਾਮੀਆਂ ਨੂੰ ਇਸ਼ਤਿਹਾਰ ਵਿੱਚ ਪ੍ਰਕਾਸ਼ਿਤ ਨਾ ਕਰਨ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2018 ਨੂੰ ਪਹਿਲੀ ਸੁਣਵਾਈ ਮਿਤੀ 15-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਮੁਨੀਸ਼ ਗਰਗ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 21-11-2018 ਦੀ ਪਾਲਣਾ ਹਿੱਤ ਸ਼ਿਕਾਇਤਕਰਤਾ ਨੂੰ ਦੇਣ ਵਾਸਤੇ 2,000/- ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਆਪਣੀ ਜੇਬ ਵਿੱਚੋਂ ਪੈਸੇ ਖਰਚ ਕਰਕੇ ਤਿਆਰ ਕਰਵਾ ਕੇ ਲਿਆਇਆ ਹੈ, ਜਿਸ ਦੀ ਇੱਕ ਫੋਟੋ ਕਾਪੀ ਉਸ ਵੱਲੋਂ ਕਮਿਸ਼ਨ ਨੂੰ ਵੀ ਪੇਸ਼ ਕੀਤੀ ਗਈ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 2,000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਹਾਜ਼ਰ ਉੱਤਰਦਾਤਾ ਕਰਮਚਾਰੀ (ਸ਼੍ਰੀ ਮੁਨੀਸ਼ ਗਰਗ, ਸੀਨੀਅਰ ਸਹਾਇਕ) ਨੂੰ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਅਦਾਇਗੀ ਬੋਰਡ ਦੇ ਦਫ਼ਤਰੀ ਖਜ਼ਾਨੇ/ਖਾਤੇ ਵਿੱਚੋਂ ਕਰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ, ਡਿਪਟੀ ਕਮਿਸ਼ਨਰ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ 3361 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 02-07-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ 2018 ਤੱਕ ਆਰ.ਟੀ.ਆਈ. ਐਕਟ ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਵੀ ਪੰਚਾਇਤੀ ਚੋਣਾਂ-2018 ਦੇ ਕੰਮ ਵਿੱਚ ਰੁੱਝੇ ਹੋਣ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 22-01-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 13 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ 78/8, ਪਾਰਕ ਰੋਡ,
ਨਵੀਂ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਧੂਰੀ,
ਜ਼ਿਲ੍ਹਾ ਸੰਗਰੂਰ। -----ਉੱਤਰਦਾਤਾ

**ਅਪੀਲ ਕੇਸ 3382 ਆਫ਼ 2018**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜ਼ਸਵਿੰਦਰ ਸਿੰਘ, ਕਲਰਕ(98036-24273) ਦਫ਼ਤਰ ਤਹਿਸੀਲਦਾਰ,ਧੂਰੀ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-06-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਧੂਰੀ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਬੇਨਾਮੀ ਸ਼ਿਕਾਇਤਾਂ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਸਵਿੰਦਰ ਸਿੰਘ, ਕਲਰਕ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:93-94/ਆਰ.ਟੀ.ਆਈ., ਮਿਤੀ 22-11-2018 ਰਾਹੀਂ ਵਿਸਥਾਰ-ਪੂਰਵਕ ਸੂਚਨਾ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਆਪਣੇ ਪੱਤਰ, ਮਿਤੀ 08-12-2018 ਰਾਹੀਂ ਇਹ ਵੀ ਦੱਸਿਆ ਗਿਆ ਹੈ ਕਿ ਉਹ ਉੱਤਰਦਾਤਾ ਵੱਲੋਂ ਭੇਜੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਕਮਿਸ਼ਨ ਨੇ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਉਸ ਦੀ ਆਰ.ਟੀ.ਆਈ. ਅਰਜ਼ੀ ਦੇ ਸਨਮੁੱਖ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਮੀਰ ਵਿੱਜ, (98555-55334)
274/2 ਪੁਰਾਣਾ ਸਿਨੇਮਾ ਰੋਡ,
ਨੇੜੇ ਲਕਸ਼ਮੀ ਮਿਲਜ਼,ਖੰਨਾ-141401,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ, ਡੀ.ਜੀ.ਐਮ(ਪੀ.ਆਰ)
ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ
ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ, ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ
ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ,
ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ 3387 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਜੈ ਪਾਲ ਸਿੰਘ, ਸੀਨੀਅਰ ਐਗਜੈਕਟਿਵ (98141-44454) ਅਤੇ ਸ਼੍ਰੀ ਜ਼ਸਵੰਤ ਸਿੰਘ, ਜੂਨੀਅਰ ਐਗਜ਼ੈਕਟਿਵ (98726-15390)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 25-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡੀ.ਜੀ.ਐਮ(ਪੀ.ਆਰ) ਪੰਜਾਬ ਸਮਾਲ ਸਕੇਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-01-2004 ਤੋਂ 31-12-2017 ਤੱਕ ਆਈ.ਐਫ.ਪੀ ਅਜਾਨਲੀ ਮੰਡੀ, ਗੋਬਿੰਦਗੜ੍ਹ ਵਿੱਚ ਇੰਡਸਟ੍ਰੀਅਲ ਪਲਾਟ ਦੀ ਜ਼ਮੀਨ ਦੀ ਕੀਮਤ ਵਿੱਚ ਵਾਧੇ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਅਧਿਕਾਰੀ ਸੂਚਨਾ ਲੈ ਕੇ ਆਏ ਪਰੰਤੂ ਸੂਚਨਾ ਤੇ ਕੋਈ ਕਵਰਿੰਗ ਪੱਤਰ ਨਹੀਂ ਲਗਾਇਆ ਗਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਕਵਰਿੰਗ ਪੱਤਰ ਸਹਿਤ ਵਿਸਥਾਰ-ਪੂਰਵਕ ਪੇਸ਼ ਕੀਤੀ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-12-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹੇਮੰਤ ਕੁਮਾਰ ਸ਼ਰਮਾ (94170-64678)
ਮਕਾਨ ਨੰ: 101-ਆਰ,
ਇੰਡਸਟਰੀਅਲ ਫ਼ੋਕਲ ਪੁਆਇੰਟ
ਨਯਾ ਨੰਗਲ-140126,
ਜ਼ਿਲ੍ਹਾ ਰੂਪਨਗਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ, ਸਰਕਾਰੀ ਮੋਹਿੰਦਰਾ ਕਾਲਿਜ,
ਪਟਿਆਲਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 1000 ਆਫ਼ 2018**

**ਹਾਜ਼ਰ:-** 1) ਸ਼੍ਰੀ ਹੇਮੰਤ ਕੁਮਾਰ ਸ਼ਰਮਾ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 16-07-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਮੋਹਿੰਦਰਾ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਲਿਜ ਵਿੱਚ ਸੇਵਾ ਕਰ ਰਹੇ ਡਾਕਟਰ ਰਵਿੰਦਰ ਕੁਮਾਰ ਗਰਗ ਦੀ ਤਨਖਾਹ ਨਿਸਚਿਤ ਕਰਨ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 16-07-2018 ਦਾ ਨਿਪਟਾਰਾ ਪੱਤਰ ਨੰ:2053, ਮਿਤੀ 14-08-2018 ਰਾਹੀਂ ਕੀਤਾ ਜਾ ਚੁੱਕਾ ਹੈ।ਪਰੰਤੂ ਸ਼ਿਕਾਇਤਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 22-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 13 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਕ੍ਰਿਸ਼ਨ ਕੌਸ਼ਿਕ, (99150-43105)
ਪ੍ਰਿੰਸੀਪਲ (ਰਿਟਾਇਰਡ),
72 ਏ-ਐਸ, ਗਲੀ ਨੰ: 2
ਸੰਤ ਨਗਰ, ਪਟਿਆਲਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ, ਡਾਇਰੈਕਟਰ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੋਹਾਲੀ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ 1026 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 22-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ (ਕਾਲਿਜਾਂ) ਪੰਜਾਬ, ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਾਲ 2015 ਤੋ 2017 ਤੱਕ ਆਪਣੀ ਕਮਾਈ ਛੁੱਟੀ ਅਤੇ ਸਾਲਾਨਾ ਤਨਖਾਹ ਤਰੱਕੀ ਨਾਲ ਸਬੰਧਤ 13 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 22-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 13 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਮ ਨਿਵਾਸ, (85588-93351)
ਮਾਰਫ਼ਤ ਸ਼੍ਰੀ ਮੰਜੂ ਸਿੰਘ
ਵਾਸੀ ਮਕਾਨ ਨੰ:681,
ਸੈਕਟਰ-19, ਪੰਚਕੂਲਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੋਹਾਲੀ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:1036 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 22-11-2017, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ, ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ, ਮੋਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਸੰਦੀਪ ਵੱਲੋਂ ਜਾਲ੍ਹੀ ਇੰਨਟਰਨਸ਼ਿਪ ਸਰਟੀਫਿਕੇਟ ਪੇਸ਼ ਕਰਨ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਆਪਣੀ ਗੈਰ-ਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਸ਼ਿਕਾਇਤਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 22-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 13 ਦਸੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਮੀਤ ਸਿੰਘ ਬਬਲੂ,
ਮਾਰਫ਼ਤ ਭਗਤ ਸਿੰਘ ਯੂਥ ਫ਼ਰੰਟ,
ਦੁਕਾਨ ਨੰ:19 ਸਾਹਮਣੇ ਐਚ.ਡੀ.ਐਫ਼.ਸੀ. ਬੈਂਕ,
ਨੇੜੇ ਸਵਾਮੀ ਮੋਟਰਜ਼,
ਕੋਰਟ ਰੋਡ, ਅੰਮ੍ਰਿਤਸਰ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਗੁਰੂ ਰਾਮ ਦਾਸ ਡੈਂਟਲ ਕਾਲਿਜ/ਇੰਸਟੀਚਿਊਟ,
ਅੰਮ੍ਰਿਤਸਰ। -----ਉੱਤਰਦਾਤਾ

ਸ਼ਿਕਾਇਤ ਕੇਸ ਨੰ:1040 ਆਫ਼ 2018

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਪ੍ਰਭਜੋਤ ਸਿੰਘ, ਪ੍ਰਬੰਧਕੀ ਅਫਸਰ (99144-41388)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 08-09-2017, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਗੁਰੂ ਰਾਮ ਦਾਸ ਡੈਂਟਲ ਕਾਲਿਜ/ਇੰਸਟੀਚਿਊਟ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਫਾਈਨਲ ਸਾਲ ਦੀ ਵਿਦਿਆਰਥਣ ਮਿਸ. ਸਿਮਰਨ ਮੱਖਣੀ ਵੱਲੋਂ ਮਿਤੀ 05-06-2015 ਤੋਂ 15-05-2015 ਤੱਕ ਮਰੀਜ਼ਾਂ ਦਾ ਇਲਾਜ ਕਰਨ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਸਿ਼ਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਪ੍ਰਭਜੋਤ ਸਿੰਘ, ਪ੍ਰਬੰਧਕੀ ਅਫਸਰ ਨੇ ਪੱਤਰ ਨੰ:1489/ਆਈ.ਡੀ.ਐਸ.ਆਰ./2017, ਮਿਤੀ 14-09-2017 ਦੀ ਕਾਪੀ ਪੇਸ਼ ਕੀਤੀ ਹੈ, ਜਿਸ ਰਾਹੀਂ ਸਿ਼ਕਾਇਤਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਆਰ.ਟੀ.ਆਈ. ਐਕਟ ਅਧੀਨ ਜਾਣਕਾਰੀ ਨਹੀਂ ਦਿੱਤੀ ਜਾ ਸਕਦੀ ਕਿਉਂਕਿ ਉਨ੍ਹਾਂ ਦੀ ਸੰਸਥਾ ਨੂੰ ਸਿਵਲ ਰਿੱਟ ਪਟੀਸ਼ਨ ਨੰ:11490/2012 ਰਾਹੀਂ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਪਾਸੋਂ ਸਟੇਅ ਮਿਲਿਆ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਸਿ਼ਕਾਇਤਕਰਤਾ ਨੂੰ ਸਮੇਂ ਸਿਰ ਉੱਤਰ ਭੇਜਿਆ ਗਿਆ ਹੈ। ਇਸ ਕਰਕੇ ਇਹ ਸਿ਼ਕਾਇਤ ਕੇਸ ਨਹੀਂ ਬਣਦਾ। ਸਿ਼ਕਾਇਤਕਰਤਾ ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਸਿ਼ਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸਿ਼ਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 13 ਦਸੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**